ਯੂਰੀਆ, 52.5 ਕਿਲੋ ਅਮੋਨੋ ਅਮੋਨੀਅਮ ਫਾਸਫੇਟ ਅਤੇ 54.06 ਮਿਊਰੇਟ ਆਫ਼ ਪੋਟਾਸ਼ (ਸਫੈਦ) ਪ੍ਰਤੀ ਏਕੜ ਦੇ ਹਿਸਾਬ ਨਾਲ ਹਰ ਚੌਥੇ ਦਿਨ 20 ਬਰਾਬਰ ਦੇ ਹਿੱਸਿਆ ਵਿੱਚ ਵੰਡ ਕੇ ਪਾਉ ।

### ਪਿਆਜ਼ ਪਕਾਉਣਾ ਅਤੇ ਭੰਡਾਰ ਕਰਨਾ :

ਭੂਕਾਂ ਸੁੱਕ ਕੇ ਡਿੱਗਣ ਤੇ ਪਿਆਜ਼ ਦੀ ਪੁਟਾਈ ਕਰੋ । ਪੁਟਾਈ ਕਰਨ ਤੋਂ ਬਾਅਦ 3-4 ਦਿਨ ਤੱਕ ਛਾਂ ਵਿੱਚ ਪਤਲੀਆਂ ਤਹਿਆਂ ਵਿੱਚ ਖਿਲਾਰ ਕੇ ਪਿਆਜ਼ ਨੂੰ ਪੱਕਣ ਦਿਉ । ਫਿਰ 1-2 ਸੈਂਟੀਮੀਟਰ ਭੂਕਾਂ ਰੱਖ ਕੇ ਕੱਟ ਦਿਉ । ਭੰਡਾਰ ਵਿੱਚ ਹਰ 15 ਦਿਨ ਬਾਅਦ ਪਿਆਜ਼ਾਂ ਨੂੰ ਹਿਲਾਉਂਦੇ ਰਹੋ ਅਤੇ ਇਸ ਵਿੱਚੋਂ ਕੱਟੇ ਹੋਏ ਅਤੇ ਗਲੇ ਹੋਏ ਪਿਆਜ਼ ਦੀ ਛਾਂਟੀ ਕਰਦੇ ਰਹੋ।

### ਬੀਜ ਉਤਪਾਦਨ :

### ੳ. ਗੰਢਿਆਂ ਤੋਂ ਬੀਜ ਉਤਪਾਦਨ :

ਪਿਆਜ਼ ਦਾ ਬੀਜ ਇਕ ਸਾਲ ਪਹਿਲਾਂ ਪੈਦਾ ਕੀਤੇ ਗਏ ਗੰਢਿਆਂ ਤੋਂ ਤਿਆਰ ਕੀਤਾ ਜਾਂਦਾ ਹੈ । ਇਕ ਏਕੜ ਬੀਜ ਪੈਦਾ ਕਰਨ ਲਈ ਚੰਗੀ ਤਰ੍ਹਾਂ ਛਾਂਟੇ ਗਏ 8-10 ਕੁਇੰਟਲ ਗੰਢੇ ਚਾਹੀਦੇ ਹਨ । ਬਿਜਾਈ ਨਵੰਬਰ ਦੇ ਪਹਿਲੇ ਪੰਦਰ੍ਹਵਾੜੇ ਵਿੱਚ ਕਤਾਰ ਤੋਂ ਕਤਾਰ ਦਾ ਫ਼ਾਸਲਾ 60 ਸੈਂਟੀਮੀਟਰ ਅਤੇ ਬੂਟੇ ਤੋਂ ਬੂਟੇ ਦਾ ਫ਼ਾਸਲਾ 45 ਸੈਂਟੀਮੀਟਰ ਰੱਖ ਕੇ ਕਰੋ । ਪਿਆਜ਼ ਦਾ ਬੀਜ ਪੈਦਾ ਕਰਨ ਵਾਲੀ ਕਿਸਮ ਦਾ ਫ਼ਾਸਲਾ ਹੋਰ ਕਿਸਮਾਂ ਤੋਂ ਘੱਟੋ-ਘੱਟ 1000 ਮੀਟਰ ਜ਼ਰੂਰ ਰੱਖੋ । ਜ਼ਿਆਦਾ ਅਗੇਤੇ ਅਤੇ ਜ਼ਿਆਦਾ ਪਛੇਤੇ ਫੁੱਲ ਕੱਢਣ ਵਾਲੇ ਬੂਟਿਆਂ ਨੂੰ ਪੁੱਟ ਦਿਓ। ਸ਼ੁੱਧ ਬੀਜ ਪੈਦਾ ਕਰਨ ਲਈ ਫ਼ਸਲ ਦਾ ਫੁੱਲ ਖਿੜਨ ਤੋਂ ਪਹਿਲਾਂ, ਫੁੱਲਾਂ ਸਮੇਂ ਅਤੇ ਪੱਕਣ ਸਮੇਂ ਨਿਰੀਖਣ ਕਰੋ ਅਤੇ ਗੈਰ ਬੂਟੇ ਕੱਢ ਦਿਉ । ਸਾਰੇ ਫੁੱਲ ਇਕੋ ਸਮੇਂ ਨਹੀਂ ਪੱਕਦੇ। ਇਸ ਕਰਕੇ ਜਦੋਂ ਬੀਜ ਕਾਲਾ ਹੋ ਜਾਵੇ 2-3 ਵਾਰੀਆਂ ਵਿੱਚ ਕੱਟ ਕੇ ਕੱਢ ਲਵੋ ਅਤੇ ਸੁਕਾਉਣ ਉਪਰੰਤ ਸਾਫ਼ ਕਰਕੇ ਘੱਟ ਤਾਪਮਾਨ ਅਤੇ ਘੱਟ ਨਮੀ ਤੇ ਸਟੋਰ ਕਰੋ ।

### ਅ. ਬੀਜ ਤੋਂ ਬੀਜ ਉਤਪਾਦਨ :

ਬੀਜ ਤੋਂ ਬੀਜ ਤਰੀਕੇ ਦੁਆਰਾ ਪਿਆਜ ਦਾ ਬੀਜ ਵਪਾਰਿਕ ਪੱਧਰ ਤੇ ਤਿਆਰ ਕੀਤਾ ਜਾ ਸਕਦਾ ਹੈ । ਇਸ ਵਿਧੀ ਅਨੁਸਾਰ, ਪਿਆਜ ਦਾ ਬੀਜ ਅਖ਼ੀਰ ਅਗਸਤ ਤੋਂ ਸ਼ੁਰੂ ਸਤੰਬਰ ਤਕ ਪਨੀਰੀ ਦੀ ਬਿਜਾਈ ਲਈ ਬੀਜੋ । ਚੰਗੀ ਨਰੋਈ ਪਨੀਰੀ ਨੂੰ ਕਤਾਰ ਤੋਂ ਕਤਾਰ 15 ਸੈਂਟੀਮੀਟਰ ਅਤੇ ਬੂਟੇ ਤੋਂ ਬੂਟੇ ਦਾ ਫ਼ਾਸਲਾ 10 ਸੈਂਟੀਮੀਟਰ ਤੇ ਰੱਖ ਕੇ ਅਕਤੂਬਰ ਦੇ ਅਖ਼ੀਰ ਤੋਂ ਨਵੰਬਰ ਦੇ ਪਹਿਲੇ ਹਫ਼ਤੇ ਦਰਮਿਆਨ ਬੀਜੋ । ਇਸ ਤਰੀਕੇ ਨਾਲ ਇਕ ਸਾਲ ਵਿੱਚ ਬੀਜ ਪੈਦਾ ਕੀਤਾ ਜਾ ਸਕਦਾ ਹੈ ਅਤੇ ਬੀਜ ਪੈਦਾ ਕਰਨ ਵਾਸਤੇ ਗੰਢਿਆਂ ਦੀ ਸਾਂਭ ਸੰਭਾਲ ਦੀ ਜ਼ਰੂਰਤ ਨਹੀਂ ਰਹਿੰਦੀ ।



## 21. ਲਸਣ

### ਮੌਸਮ ਅਤੇ ਜ਼ਮੀਨ

ਲਸਣ ਦੀ ਫ਼ਸਲ ਸਰਦੀ ਦੇ ਮੌਸਮ ਦੀ ਫ਼ਸਲ ਹੈ । ਦਰਮਿਆਨੀ ਗਰਮੀ ਅਤੇ ਸਰਦੀ ਵਿੱਚ ਇਹ ਫ਼ਸਲ ਚੰਗੀ ਤਰ੍ਹਾਂ ਵਧਦੀ ਫੁੱਲਦੀ ਹੈ । ਛੋਟੇ ਦਿਨਾਂ ਵਿੱਚ ਲਸਣ ਦੇ ਗੰਢੇ ਮੋਟੇ ਬਣਦੇ ਹਨ । ਰੇਤਲੀ ਮੈਰਾ ਜ਼ਮੀਨ ਇਸ ਫ਼ਸਲ ਲਈ ਕਾਫ਼ੀ ਚੰਗੀ ਹੈ।

### ਉੱਨਤ ਕਿਸਮ

**ਪੀ.ਜੀ.-17 (2005)** : ਇਸ ਦੇ ਪੱਤੇ ਗੂੜ੍ਹੇ ਹਰੇ ਅਤੇ ਤੁਰੀਆਂ ਚਿੱਟੀਆਂ ਤੇ ਦਿਲ ਖਿਚ੍ਹਵੀਆਂ ਹੁੰਦੀਆਂ ਹਨ । ਗੰਢੇ ਇਕਸਾਰ ਵੱਡੇ ਤੇ ਚਿੱਟੇ ਰੰਗ ਦੇ ਹੁੰਦੇ ਹਨ। ਇਕ ਗੰਢੇ ਵਿੱਚ 25-30 ਤੁਰੀਆਂ ਹੁੰਦੀਆਂ ਹਨ । ਇਹ ਕਿਸਮ ਪੱਕਣ ਵਾਸਤੇ 165-170 ਦਿਨ ਲੈਂਦੀ ਹੈ । ਇਸ ਦਾ ਝਾੜ 50 ਕੁਇੰਟਲ ਪ੍ਰਤੀ ਏਕੜ ਹੈ ।

### ਕਾਸ਼ਤ ਦੇ ਢੰਗ :

**ਬਿਜਾਈ ਦਾ ਸਮਾਂ** : ਲਸਣ ਦੀ ਬਿਜਾਈ ਦਾ ਠੀਕ ਸਮਾਂ ਸਤੰਬਰ ਦੇ ਆਖਰੀ ਹਫ਼ਤੇ ਤੋਂ ਅਕਤੂਬਰ ਦਾ ਪਹਿਲਾ ਹਫ਼ਤਾ ਹੈ ।

**ਬੀਜ ਦੀ ਮਾਤਰਾ** : ਇੱਕ ਏਕੜ ਦੀ ਬਿਜਾਈ ਲਈ 225-250 ਕਿਲੋ ਨਰੋਈਆਂ ਤੁਰੀਆਂ ਦੀ ਲੋੜ ਹੈ ।

**ਬਿਜਾਈ ਦਾ ਤਰੀਕਾ** : ਘਰੇਲੂ ਬਗੀਚੀ ਵਿੱਚ ਜਾਂ ਛੋਟੀ ਪੱਧਰ ਤੇ ਚੋਕੇ ਨਾਲ ਬਿਜਾਈ ਕਰੋ, ਪਰ ਜੇਕਰ ਵਧੇਰੇ ਰਕਬੇ ਵਿੱਚ ਬਿਜਾਈ ਕਰਨੀ ਹੋਵੇ ਤਾਂ ਕੇਰੇ ਨਾਲ ਕਰੋ । ਬਿਜਾਈ 3-5 ਸੈਂਟੀਮੀਟਰ ਡੂੰਘੀ ਕਰੋ । ਲਸਣ ਦੀ ਬਿਜਾਈ ਹੱਥ ਨਾਲ ਚੱਲਣ ਵਾਲੇ ਪਲਾਂਟਰ ਨਾਲ ਵੀ ਕੀਤੀ ਜਾ ਸਕਦੀ ਹੈ ਇਸ ਤਰ੍ਹਾਂ ਕਰਨ ਵੇਲੇ ਬੀਜ ਇਕ ਇੰਚ ਡੂੰਘਾ ਬੀਜੋ । ਪਲਾਂਟਰ ਨਾਲ 2-3 ਬੰਦੇ ਇਕ ਦਿਨ ਵਿਚ ਅੱਧੇ ਏਕੜ ਦੀ ਬਿਜਾਈ ਕਰ ਸਕਦੇ ਹਨ ।

**ਫ਼ਾਸਲਾ** : ਵਧੇਰੇ ਝਾੜ ਪ੍ਰਾਪਤ ਕਰਨ ਲਈ ਕਤਾਰ ਤੋਂ ਕਤਾਰ 15 ਸੈਂਟੀਮੀਟਰ ਅਤੇ ਬੂਟੇ ਤੋਂ ਬੂਟੇ ਦਾ 7.5 ਸੈਂਟੀਮੀਟਰ ਫ਼ਾਸਲਾ ਰੱਖੋ ।

### ਖਾਦਾਂ :

ਲਸਣ ਦੀ ਫ਼ਸਲ ਵਾਸਤੇ 20 ਟਨ ਗਲੀ-ਸੜੀ ਰੂੜੀ ਨਾਲ 50 ਕਿਲੋ ਨਾਈਟ੍ਰੋਜਨ (110 ਕਿਲੋ ਯੂਰੀਆ) ਅਤੇ 25 ਕਿਲੋ ਫ਼ਾਸਫ਼ੋਰਸ (155 ਕਿਲੋ ਸੁਪਰਫ਼ਾਸਫ਼ੇਟ) ਪ੍ਰਤੀ ਏਕੜ ਦੇ ਹਿਸਾਬ ਨਾਲ ਪਾਉ । ਸਾਰੀ ਫ਼ਾਸਫ਼ੋਰਸ ਬਿਜਾਈ

ਤੋਂ ਪਹਿਲਾ ਪਾਉ ਅਤੇ ਨਾਈਟ੍ਰੋਜਨ ਖਾਦ ਨੂੰ ਤਿੰਨ ਹਿੱਸਿਆਂ ਵਿੱਚ ਕਰਕੇ, ਇੱਕ ਹਿੱਸਾ ਬਿਜਾਈ ਤੋਂ ਇੱਕ ਮਹੀਨਾ, ਦੂਸਰਾ ਡੇਢ ਮਹੀਨਾ ਅਤੇ ਤੀਸਰਾ 2 ਮਹੀਨੇ ਪਿੱਛੋਂ ਪਾਉ ।

**ਪਾਣੀ** : ਪਹਿਲਾ ਪਾਣੀ ਬਿਜਾਈ ਤੋਂ ਫੌਰਨ ਪਿੱਛੋਂ ਅਤੇ ਬਾਅਦ ਵਾਲੀਆਂ ਸਿੰਚਾਈਆਂ ਜ਼ਮੀਨ ਦੀ ਕਿਸਮ ਅਤੇ ਮੌਸਮ ਮੁਤਾਬਕ 10-15 ਦਿਨ ਦੇ ਵਕਫ਼ੇ ਤੇ ਕਰੋ । ਕੁੱਲ 10-12 ਪਾਣੀਆਂ ਦੀ ਲੋੜ ਹੈ ।

**ਨਦੀਨਾਂ ਦੀ ਰੋਕਥਾਮ** : ਲਸਣ ਦੀ ਫ਼ਸਲ ਵਿੱਚ ਨਦੀਨਾਂ ਨੂੰ ਕਾਬੂ ਹੇਠ ਰੱਖਣ ਲਈ ਸਟੌਂਪ 30 ਈ ਸੀ ਜਾਂ ਬਾਸਾਲਿਨ 45 ਈ ਸੀ ਇੱਕ ਲਿਟਰ ਪ੍ਰਤੀ ਏਕੜ ਦੇ ਹਿਸਾਬ ਨਾਲ ਅਤੇ ਇੱਕ ਗੋਡੀ ਜੋ ਕਿ ਬੀਜਣ ਤੋਂ 90-100 ਦਿਨਾਂ ਬਾਅਦ ਕਰਨੀ ਚਾਹੀਦੀ ਹੈ । ਸਟੌਂਪ ਦਾ ਛਿੜਕਾਅ ਬਿਜਾਈ ਤੋਂ ਇੱਕ ਦਿਨ ਦੇ ਅੰਦਰ ਕਰੋ । ਬਾਸਾਲਿਨ ਨੂੰ ਬਿਜਾਈ ਤੋਂ 3-4 ਦਿਨ ਪਹਿਲਾ ਵੱਤਰ ਜ਼ਮੀਨ ਵਿੱਚ ਚੰਗੀ ਤਰ੍ਹਾਂ ਮਿਲਾ ਦੇਣਾ ਚਾਹੀਦਾ ਹੈ । ਇਸ ਤੋਂ ਇਲਾਵਾ ਗੋਲ 23.5 ਈ ਸੀ (ਆਕਸੀਕਲੋਰੋਫੈਨ) 425 ਮਿਲੀਲਿਟਰ ਪ੍ਰਤੀ ਏਕੜ ਨੂੰ 200 ਲਿਟਰ ਪਾਣੀ ਵਿੱਚ ਘੋਲ ਕੇ ਲਸਣ ਦੀ ਬਿਜਾਈ ਤੋਂ ਇਕ ਹਫ਼ਤੇ ਦੇ ਅੰਦਰ-ਅੰਦਰ ਛਿੜਕਾਅ ਕਰਨ ਅਤੇ 90-100 ਦਿਨਾਂ ਬਾਅਦ ਇਕ ਗੋਡੀ ਕਰਨ ਨਾਲ ਨਦੀਨਾਂ ਦੀ ਰੋਕਥਾਮ ਕੀਤੀ ਜਾ ਸਕਦੀ ਹੈ ।

**ਪੁਟਾਈ ਅਤੇ ਭੰਡਾਰ ਕਰਨਾ :**

ਪੁਟਾਈ ਤੋਂ 15 ਦਿਨ ਪਹਿਲਾਂ ਫ਼ਸਲ ਦੀ ਸਿੰਚਾਈ ਬੰਦ ਕਰ ਦਿਉ, ਇਸ ਤਰ੍ਹਾਂ ਕਰਨ ਨਾਲ ਗੰਢੀਆਂ ਦਾ ਜ਼ਿਆਦਾ ਦੇਰ ਤੱਕ ਭੰਡਾਰਨ ਕੀਤਾ ਜਾ ਸਕਦਾ ਹੈ। ਪੁਟਾਈ ਤੋਂ ਪਿੱਛੋਂ ਲਸਣ ਨੂੰ 5-7 ਦਿਨਾ ਲਈ ਛਾਂਵੇਂ ਸੁਕੀ ਥਾਂ ਤੇ ਰੱਖੋ ਅਤੇ ਛੋਟੀਆਂ-ਛੋਟੀਆਂ ਗੁੱਟੀਆਂ ਵਿੱਚ ਬੰਨ੍ਹ ਦਿਉ । ਫਿਰ ਸੁੱਕੀ ਤੇ ਹਵਾਦਾਰ ਥਾਂ ਤੇ ਭੰਡਾਰ ਕਰੋ । ਬਰਸਾਤ ਦੇ ਮੌਸਮ ਵਿੱਚ ਸੁੱਕੀਆਂ ਅਤੇ ਗਲੀਆਂ ਹੋਈਆਂ ਗੰਢੀਆਂ ਨੂੰ ਕੱਢ ਦਿਉ ।

**ਪੌਦ ਸੁਰੱਖਿਆ : (ਲਸਣ ਅਤੇ ਪਿਆਜ਼)**

**(ੳ) ਕੀੜੇ :**

1. **ਥਰਿੱਪ (ਜੂੰ)** : ਪਿਆਜ਼ ਦਾ ਇਹ ਪੀਲੇ ਰੰਗ ਦਾ ਛੋਟਾ ਜਿਹਾ ਕੀੜਾ ਫ਼ਰਵਰੀ ਤੋਂ ਮਈ ਦੇ ਦੌਰਾਨ ਭੂਕਾਂ ਦਾ ਰਸ ਚੂਸਦਾ ਹੈ, ਚਿੱਟੇ ਦਾਗ ਪੈਦਾ ਕਰਦਾ ਹੈ ਅਤੇ ਫੁੱਲ ਪੈਣ ਸਮੇਂ ਭਾਰੀ ਨੁਕਸਾਨ ਕਰਦਾ ਹੈ । ਇਨ੍ਹਾਂ ਦੀ ਰੋਕਥਾਮ ਲਈ ਜਿਉਂ ਹੀ ਇਹ ਕੀੜੇ ਨਜ਼ਰ ਆਉਣ, 250 ਮਿਲੀਲਿਟਰ ਮੈਲਾਥੀਆਨ 50 ਈ ਸੀ 80 ਲਿਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਏਕੜ ਛਿੜਕਾਅ ਕਰੋ । ਗੰਢੇ ਪੁੱਟਣ ਤੋਂ 7 ਦਿਨ ਦੇ ਅੰਦਰ ਜ਼ਹਿਰ ਨਾ ਛਿੜਕੋ ।



2. **ਪਿਆਜ਼ ਦੀ ਸੁੰਡੀ** : ਇਸਦਾ ਕੁਝ ਖੇਤਾਂ ਵਿੱਚ ਹਮਲਾ ਜਨਵਰੀ-ਫ਼ਰਵਰੀ ਮਹੀਨਿਆਂ ਵਿੱਚ ਬਹੁਤ ਹੁੰਦਾ ਹੈ । ਹਮਲੇ ਵਾਲੇ ਬੂਟਿਆਂ ਦੀਆਂ ਭੂਕਾਂ ਕੋਨਿਆਂ ਤੋਂ ਹੇਠਾਂ ਵੱਲ ਨੂੰ ਭੂਰੀਆਂ ਹੋਣ ਲੱਗ ਜਾਂਦੀਆਂ ਹਨ । ਪਿਆਜ਼ ਅਤੇ ਭੂਕਾਂ ਜ਼ਮੀਨ ਵਾਲੇ ਪਾਸੇ ਤੋਂ ਢਿੱਲੇ ਪੈ ਜਾਂਦੇ ਹਨ ਅਤੇ ਗਲ ਜਾਂਦੇ ਹਨ । ਇਨ੍ਹਾਂ ਗਲੇ ਹੋਏ ਪਿਆਜ਼ਾਂ ਵਿੱਚ ਅੱਧਾ ਸੈਂਟੀਮੀਟਰ ਲੰਮੀਆਂ ਸੁੰਡੀਆਂ ਹੁੰਦੀਆਂ ਹਨ, ਜਿਹੜੀਆਂ ਕਿ ਇੱਕ ਸਿਰੇ ਵੱਲੋਂ ਤਿੱਖੀਆਂ ਹੁੰਦੀਆਂ ਹਨ। ਇਨ੍ਹਾਂ ਦੀ ਰੋਕਥਾਮ ਲਈ 4 ਕਿਲੋਗ੍ਰਾਮ ਸੇਵਿਨ 4 ਜੀ ਕਾਰਬਰਿਲ ਜਾਂ 4 ਕਿਲੋਗ੍ਰਾਮ ਥੀਮਟ 10 ਜੀ (ਫੋਰੇਟ) ਪ੍ਰਤੀ ਏਕੜ ਪਾ ਕੇ ਮਗਰੋਂ ਹਲਕੀ ਜਿਹੀ ਸਿੰਚਾਈ ਕਰ ਦਿਉ।

**(ਅ) ਬਿਮਾਰੀਆਂ :**

1. **ਜਾਮਨੀ ਦਾਗ ਪੈਣਾ** : ਪੱਤਿਆਂ ਅਤੇ ਫੁੱਲਾਂ ਵਾਲੀ ਨਾੜ ਉੱਪਰ ਜਾਮਨੀ ਰੰਗ ਦੇ ਦਾਗ ਪੈ ਜਾਂਦੇ ਹਨ । ਇਸ ਦਾ ਅਸਰ ਗੰਢਿਆਂ ਅਤੇ ਬੀਜਾਂ ਉੱਪਰ ਵੀ ਪੈਂਦਾ ਹੈ । ਇਸ ਦੀ ਰੋਕਥਾਮ ਲਈ ਬੀਜ ਨੂੰ ਬਿਜਾਈ ਤੋਂ ਪਹਿਲਾਂ 3 ਗ੍ਰਾਮ ਥੀਰਮ ਜਾਂ ਕੈਪਟਾਨ ਦਵਾਈ ਇੱਕ ਕਿਲੋ ਬੀਜ ਨਾਲ ਸੋਧ ਕਰ ਲਵੋ । ਫ਼ਸਲ ਉੱਪਰ ਪ੍ਰਤੀ ਏਕੜ 600 ਗ੍ਰਾਮ ਇੰਡੋਫਿਲ ਐਮ-45 ਅਤੇ 220 ਮਿਲੀਲਿਟਰ ਟਰਾਈਟੋਨ ਜਾ ਅਲਸੀ ਦਾ ਤੇਲ 200 ਲਿਟਰ ਪਾਣੀ ਵਿੱਚ ਘੋਲ ਕੇ ਬਿਮਾਰੀ ਦੀਆਂ ਨਿਸ਼ਾਨੀਆਂ ਦਿਸਣ ਤੇ ਛਿੜਕੋ । ਇਸ ਤੋਂ ਪਿੱਛੋਂ 10 ਦਿਨ ਦੇ ਵਕਫ਼ੇ ਤੇ ਤਿੰਨ ਛਿੜਕਾਅ ਹੋਰ ਕਰੋ।

2. **ਪੀਲੇ ਧੱਬੇ** : ਬੀਜ ਵਾਲੀਆਂ ਡੰਡੀਆਂ ਉੱਪਰ ਤਕਰੀਬਨ ਗੋਲ ਧੱਬੇ ਪੈ ਜਾਦੇ ਹਨ ਜਿਨ੍ਹਾਂ ਉੱਪਰ ਜਾਮਨੀ ਉੱਲੀ ਪੈਦਾ ਹੋ ਜਾਂਦੀ ਹੈ ਜਿਹੜੀ ਕਿ ਬਾਅਦ ਵਿੱਚ ਭੂਰੀ ਦਿਸਣ ਲੱਗ ਪੈਂਦੀ ਹੈ । ਫ਼ਸਲ ਝੁਲਸੀ ਲੱਗਦੀ ਹੈ ਅਤੇ ਡੰਡੀਆਂ ਟੁੱਟ ਜਾਦੀਆਂ ਹਨ । ਇਸ ਦੇ ਇਲਾਜ ਲਈ ਜਾਮਨੀ ਦਾਗ ਦੀ ਰੋਕਥਾਮ ਵਾਲੀਆਂ ਜ਼ਹਿਰਾਂ ਹੀ ਵਰਤੋ ।